Dispatch No

I/27429/2020

---

ਦਫ਼ਤਰ ਜਿਲਾ ਲੋਕ ਸੰਪਰਕ ਅਫਸਰ, ਫਰੀਦਕੋਟ

ਜ਼ਿਲ੍ਹਾ ਮੈਜਿਸਟਰੇਟ ਫ਼ਰੀਦਕੋਟ ਵੱਲੋਂ ਜ਼ਿਲ੍ਹੇ ਵਿੱਚ ਲਾਕਡਾਊਨ ਦੌਰਾਨ ਨਾਈ ,ਹੇਅਰ ਕਟਿੰਗ , ਸੈਲੂਨ ਦੀਆਂ ਦੁਕਾਨਾਂ ਨੂੰ ਸ਼ਰਤਾਂ ਸਹਿਤ ਹਰ ਰੋਜ਼ ਖੋਲ੍ਹਣ ਦੀ ਇਜਾਜ਼ਤ

ਸਵੇਰੇ 7 ਵਜੇ ਤੋਂ ਸ਼ਾਮ 7 ਵਜੇ ਤੱਕ ਖੁੱਲ੍ਹਣਗੀਆਂ ਉਪਰੋਕਤ ਕੈਟਾਗਰੀ ਦੀਆਂ ਦੁਕਾਨਾਂ

ਫਰੀਦਕੋਟ 23 ਮਈ ( ) ਭਾਰਤ ਸਰਕਾਰ ਵੱਲੋ ਕੋਵਿਡ -19 ਨੂੰ ਮਹਾਂਮਾਰੀ ਘੋਸ਼ਿਤ ਕੀਤਾ ਗਿਆ ਹੈ ਅਤੇ ਰਾਜ ਸਰਕਾਰ ਅਤੇ ਜਿਲ੍ਹਾ ਪ੍ਰਸ਼ਾਸ਼ਨ ਵੱਲੋਂ ਇਸ ਮਹਾਂਮਾਰੀ ਦੇ ਬਚਾਅ ਲਈ ਢੁਕਵੇਂ ਕਦਮ ਚੁੱਕੇ ਜਾ ਰਹੇ ਹਨ । ਇਸ ਲਈ ਮਿਤੀ 23.03.2020 ਤੋਂ ਜਿਲ੍ਹਾ ਫਰੀਦਕੋਟ ਦੀ ਹਦੂਦ ਅੰਦਰ ਅਗਲੇ ਹੁਕਮਾਂ ਤੱਕ ਕਰਫਿਊ ਲਗਾਇਆ ਗਿਆ ਸੀ । ਭਾਰਤ ਸਰਕਾਰ ਦੇ ਗ੍ਰਹਿ ਸਕੱਤਰ ਵੱਲੋ ਜਾਰੀ ਆਦੇਸ਼ਾਂ ਮੁਤਾਬਿਕ ਭਾਰਤ ਦੇਸ਼ ਵਿੱਚ ਲਾਕਡਾਊਨ ਮਿਤੀ 31.05.2020 ਤੱਕ ਵਧਾ ਦਿੱਤਾ ਗਿਆ ਹੈ । ਇਸ ਤਰ੍ਹਾਂ ਵਧੀਕ ਮੁੱਖ ਸਕੱਤਰ , ਪੰਜਾਬ ਸਰਕਾਰ , ਗ੍ਰਹਿ ਮਾਮਲੇ ਤੇ ਨਿਆਂ ਵਿਭਾਗ ਵੱਲੋ ਜਾਰੀ ਹਦਾਇਤਾਂ ਦੀ ਰੋਸ਼ਨੀ ਵਿੱਚ ਇਸ ਦਫਤਰ ਦੇ ਹੁਕਮ ਨੰ : 442 / ਵਸ ਮਿਤੀ 18.05.2020 ਰਾਂਹੀ ਜਿਲ੍ਹਾ ਫਰੀਦਕੋਟ ਦੀ ਹਦੂਦ ਦੇ ਸ਼ਹਿਰੀ ਏਰੀਏ ਅੰਦਰ ਪੈਂਦੀਆਂ ਜਰੂਰੀ ਵਸਤਾਂ ਅਤੇ ਗੈਰ ਜਰੂਰੀ ਵਸਤਾਂ ਦੀਆਂ ਦੁਕਾਨਾਂ ਨੂੰ ਬਿਨ੍ਹਾਂ ਕਿਸੇ ਜ਼ੋਨ ਦੇ ਵੱਖਰੇ ਵੱਖਰੇ ਦਿਨਾਂ ਵਿੱਚ ਸਵੇਰੇ 07.00 ਵਜੇ ਤੋਂ ਸ਼ਾਮ 07.00 ਵਜੇ ਤੱਕ ਖੋਲਣ ਦੇ ਹੁਕਮ ਦਿੱਤੇ ਗਏ ਹਨ ।

ਹੁਣ ਡਾਇਰੈਕਟਰ , ਸਿਹਤ ਅਤੇ ਪਰਿਵਾਰ ਭਲਾਈ ਵਿਭਾਗ , ਪੰਜਾਬ ਸਰਕਾਰ , ਚੰਡੀਗੜ੍ਹ ਵਲੋਂ ਜਾਰੀ ਅੇਡਵਾਇਜਰੀ ਦੀ ਰੋਸ਼ਨੀ ਵਿੱਚ ਜਿਲ੍ਹਾ ਫਰੀਦਕੋਟ ਦੀ ਹਦੂਦ ਅੰਦਰ ਬਾਰਬਰ ( ਨਾਈ ) / ਹੇਅਰ ਕੱਟ ਸੈਲੂਨ ਨੂੰ ਹਰ ਰੋਜ਼ ਸਵੇਰੇ 07.00 ਵਜੇ ਤੋਂ ਸ਼ਾਮ 07.00 ਵਜੇ ਤੱਕ ਖੋਲਣ ਦੀ ਪ੍ਰਵਾਨਗੀ ਹੇਠ ਲਿਖੀਆਂ ਸ਼ਰਤਾਂ ਦੇ ਅਧਾਰ ਤੇ ਦਿੱਤੀ ਜਾਂਦੀ ਹੈ :

ਬਾਰਬਰ ( ਨਾਈ ) / ਹੇਅਰ ਕੱਟ ਸੈਲੂਨ ਦੇ ਮਾਲਕ ਇਹ ਯਕੀਨੀ ਬਨਾਉਣਗੇ ਕਿ ਉਨ੍ਹਾਂ ਦੇ ਕਿਸੇ ਵੀ ਸਟਾਫ ਵਿੱਚ ਕੋਵਿਡ -19 ਦੇ ਲੱਛਣ ਪਾਏ ਜਾਂਦੇ ਹਨ ਤਾਂ ਉਹ ਘਰ ਰਹਿਕੇ ਡਾਕਟਰੀ ਸਲਾਹ ਲਏਗਾ । ਇਸ ਤਰ੍ਹਾਂ ਹੀ ਕਿਸੇ ਵੀ ਗਾਹਕ ਨੂੰ ਅਜਿਹੇ ਲੱਛਣ ਪਾਏ ਜਾਂਦੇ ਹਨ ਤਾਂ ਉਸ ਨੂੰ ਅਟੈਂਡ ਨਹੀ ਕੀਤਾ ਜਾਵੇਗਾ ।

ਬਾਰਬਰ ( ਨਾਈ / ਹੇਅਰ ਕੱਟ ਸੈਲੂਨ ਦੇ ਮਾਲਕ ਆਪਣੇ ਗਾਹਕ ਨੂੰ ਟੈਲੀਫੋਨ / ਮੋਬਾਇਲ ਰਾਂਹੀ ਸਮਾਂ ਦੇਵੇਗਾਂ ਅਤੇ ਦੁਕਾਨ ਤੇ ਕਿਸੇ ਵੀ ਕਿਸਮ ਦੀ ਭੀੜ ਨਹੀ ਕੀਤੀ ਜਾਵੇਗੀ ।

ਬਾਰਬਰ ( ਨਾਈ ) / ਹੇਅਰ ਕੱਟ ਸੈਲੂਨ ਦੇ ਮਾਲਕ ਕੰਮ ਕਰਦੇ ਸਮੇਂ ਆਪਣੇ ਮੂੰਹ ਤੇ ਮਾਸਕ ਪਹਿਨਕੇ ਰਖੇਗਾ ਅਤੇ ਇਸ ਤਰ੍ਹਾਂ ਜੋ ਵੀ ਗਾਹਕ ਉਹਨਾਂ ਦੀ ਦੁਕਾਨ ਤੇ ਆਉਦਾ ਹੈ ਤਾਂ ਉਸ ਦੇ ਮਾਸਕ ਵੀ ਪਹਿਨਣਾ ਜਰੂਰੀ ਹੋਵੇਗਾ ਅਤੇ ਹਰ ਗਾਹਕ ਦੇ ਦੁਕਾਨ ਅੰਦਰ ਦਾਖਲ ਹੋਣ ਤੋਂ ਪਹਿਲਾਂ ਉਸ ਦੇ ਹੱਥ ਸੈਨੀਟਾਈਜ਼ ਕਰਵਾਏਗਾ।

ਬਾਰਬਰ ( ਨਾਈ / ਹੇਅਰ ਕੱਟ ਸੈਲੂਨ ਦੇ ਮਾਲਕ ਆਪਣੀ ਦੁਕਾਨ ਅਤੇ ਦੁਕਾਨ ਅੰਦਰ ਹਰ ਵਸਤਾਂ / ਟੂਲ ਨੂੰ ਹਰ 2 ਘੰਟੇ ਬਾਅਦ ਸੈਨੀਟਾਈਜ਼ ਕਰਨਾ ਯਕੀਨੀ ਬਣਾਏਗਾਂ ਅਤੇ ਆਪਣੇ ਗਾਹਕ ਨੂੰ ਆਨ - ਲਾਈਨ ਪੇਮੈਂਟ ਕਰਨ ਲਈ ਪ੍ਰੇਰਿਤ ਕਰੇਗਾ ।

ਇਹ ਕਿ ਕੋਵਿਡ -19 ਮਹਾਂਮਾਰੀ ਤੋਂ ਬੱਚਣ ਲਈ ਲੋੜੀਦੇ ਸਾਰਥਿਕ ਕਦਮ ਆਮ ਜਨਤਾ ਦੇ ਸਹਿਯੋਗ ਨਾਲ ਹੀ ਚੁੱਕੇ ਜਾ ਸਕਦੇ ਹਨ । ਇਸ ਲਈ ਹਰ ਦੁਕਾਨਦਾਰ , ਵਿਅਕਤੀ , ਗਾਹਕ ਘੱਟੋ ਘੱਟ 2 ਮੀਟਰ ਦੀ ਸਮਾਜਿਕ ਦੂਰੀ ਬਣਾਕੇ ਰੱਖੇਗਾ ।

ਇਨ੍ਹਾਂ ਹੁਕਮਾਂ ਦੀ ਪਾਲਣਾ ਲਈ ਹਰੇਕ ਵਿਅਕਤੀ / ਦੁਕਾਨਦਾਰ ਅਤੇ ਗਾਹਕ ਨਿੱਜੀ ਤੌਰ ਤੇ ਖ਼ੁੱਦ ਜਿਮੇਵਾਰ ਹੋਵੇਗਾ । ਪਰੰਤੂ ਉਲੰਘਣਾ ਦੀ ਸੂਰਤ ਵਿੱਚ ਕੁਤਾਹੀਕਾਰ ਵਿਰੁੱਧ ਡਿਜਾਸਟਰ ਮੈਨੇਜਮੈਂਟ ਐਕਟ 2005 ਦੀਆਂ ਧਾਰਾਵਾਂ ਤਹਿਤ ਕਾਰਵਾਈ ਕੀਤੀ ਜਾਵੇਗੀ । ਇਹ ਹੁਕਮ ਲੋਕ ਹਿੱਤਾਂ ਵਿੱਚ ਤੁਰੰਤ ਅਸਰ ਨਾਲ ਲਾਗੂ ਹੋਣਗੇ ।

Dispatch NO

I/27427/2020

---

ਦਫ਼ਤਰ ਜ਼ਿਲ•ਾ ਲੋਕ ਸੰਪਰਕ ਅਫ਼ਸਰ,

ਸਟੇਟ ਬੈਂਕ ਆਫ਼ ਇੰਡੀਆ ਵੱਲੋਂ ਸਹਾਇਕ ਕਮਿਸ਼ਨਰ ਨੂੰ 100 ਪੀ.ਪੀ.ਈ ਕਿੱਟਾਂ ਅਤੇ 60 ਬੋਤਲਾਂ ਸੈਨੇਟਾਈਜ਼ਰ ਭੇਂਟ

ਸਹਾਇਕ ਕਮਿਸ਼ਨਰ ਤਰਸੇਮ ਚੰਦ ਵੱਲੋਂ ਅਪੀਲ - ਲੋਕ ਘਰਾਂ ਵਿਚ ਰਹਿਣ, ਸਮਾਜਿਕ ਦੂਰੀ ਬਣਾਈ ਰੱਖਣ ਅਤੇ ਪ੍ਰਸ਼ਾਸ਼ਨ ਨੂੰ ਦੇਣ ਸਹਿਯੋਗ

ਫ਼ਰੀਦਕੋਟ, 23 ਮਈ ( ) ਭਾਰਤ ਦੇ ਸਭ ਤੋਂ ਵੱਡੇ ਬੈਂਕ ਅਦਾਰੇ ਸਟੇਟ ਬੈਂਕ ਆਫ਼ ਇੰਡੀਆ ਦੇ ਰੀਜਨਲ ਮੈਨੇਜਰ ਬਠਿੰਡਾ ਸ੍ਰੀ ਉਗਰਸੈਨ ਗੁਪਤਾ ਵੱਲੋਂ ਡਿਪਟੀ ਕਮਿਸ਼ਨਰ ਦੇ ਸਹਾਇਕ ਕਮਿਸ਼ਨਰ ਸ੍ਰੀ ਤਰਸੇਮ ਚੰਦ ਨੂੰ 100 ਨਿੱਜੀ ਸੁਰੱਖਿਆ ਉਪਕਰਨ (ਪੀ.ਪੀ.ਈ ) ਅਤੇ 60 ਬੋਤਲਾਂ ਸੈਨੇਟਾਈਜ਼ਰ ਭੇਂਟ ਕੀਤੀਆਂ ਗਈਆਂ। ਇਸ ਮੌਕੇ ਐਸ.ਬੀ.ਆਈ ਚੀਫ਼ ਮੈਨੇਜਰ ਸ੍ਰੀ ਸੁਨੀਲ ਕੁਮਾਰ ਵੀ ਹਾਜ਼ਰ ਸਨ।

ਇਸ ਮੌਕੇ ਰੀਜਨਲ ਮੈਨੇਜਰ ਸ੍ਰੀ ਉਗਰਸੈਨ ਗੁਪਤਾ ਨੇ ਦੱਸਿਆ ਕਿ ਕੋਵਿਡ-19 ਨਾਮਕ ਬਿਮਾਰੀ ਨੇ ਵਿਸ਼ਵ ਨੂੰ ਆਪਣੇ ਪਕੜ ਵਿਚ ਲਿਆ ਹੋਇਆ ਹੈ। ਇਸ ਲਈ ਇਸ ਮਹਾਮਾਰੀ ਦੇ ਟਾਕਰੇ ਲਈ ਇਹ ਕਿੱਟਾਂ ਭੇਂਟ ਕਰਨ ਦਾ ਛੋਟਾ ਜਿਹਾ ਉਪਰਾਲਾ ਕੀਤਾ ਗਿਆ ਹੈ, ਤਾਂ ਕਿ ਇਸ ਮਹਾਮਾਰੀ ਦੇ ਚੱਲਦਿਆਂ ਮਾਨਵਤਾ ਦੀ ਸੇਵਾ ਕੀਤੀ ਜਾ ਸਕੇ। ਉਨ•ਾਂ ਕਿਹਾ ਕਿ ਇਹਨਾਂ ਕਿੱਟਾਂ ਨਾਲ ਡਾਕਟਰ ,ਨਰਸਿੰਗ ਸਟਾਫ਼ ਅਤੇ ਹਸਪਤਾਲ ਦੇ ਹੋਰ ਕਰਮਚਾਰੀਆਂ ਦੀ ਸੁਰੱਖਿਆ ਅਤੇ ਸਿਹਤਮੰਦ ਲੋਕਾਂ ਨੂੰ ਕੋਵਿਡ-19 ਇੰਨਫੈਕਸ਼ਨ ਤੋਂ ਬਚਾਉਣ ਲਈ ਵਰਤੀਆਂ ਜਾ ਸਕਣਗੀਆਂ। ਐਸ. ਬੀ.ਆਈ ਵੱਲੋਂ ਕੀਤੇ ਗਏ ਇਸ ਮਾਨਵਤਾ ਦੀ ਸੇਵਾ ਲਈ ਸਹਾਇਕ ਕਮਿਸ਼ਨਰ ਸ੍ਰੀ ਤਰਸੇਮ ਚੰਦ ਨੇ ਅਦਾਰੇ ਦਾ ਤਹਿ ਦਿਲੋਂ ਧੰਨਵਾਦ ਕੀਤਾ । ਇਸ ਮੌਕੇ ਸਹਾਇਕ ਕਮਿਸ਼ਨਰ ਵੱਲੋਂ ਅਪੀਲ ਕੀਤੀ ਗਈ ਕਿ ਕੋਵਿਡ-19 ਮਹਾਮਾਰੀ ਦੇ ਫੈਲਾਅ ਨੂੰ ਰੋਕਣ ਲਈ ਲੋਕ ਘਰਾਂ ਵਿਚ ਰਹਿਕੇ ਸਮਾਜਿਕ ਦੂਰੀ ਬਣਾਈ ਰੱਖਣ ਅਤੇ ਜ਼ਿਲ•ਾ ਪ੍ਰਸ਼ਾਸ਼ਨ ਵੱਲੋਂ ਸਮੇਂ ਸਮੇਂ ਤੇ ਜਾਰੀ ਕੀਤੇ ਜਾਂਦੇ ਹੁਕਮਾਂ ਦੀ ਪਾਲਣਾ ਕਰਨ। ਉਨਾਂ ਕਿਹਾ ਕਿ ਸਰਕਾਰ ਵੱਲੋਂ ਇਹ ਆਦੇਸ਼ ਜਾਰੀ ਕੀਤੇ ਹੋਏ ਹਨ ਕਿ ਕੋਵਿਡ-19 ਦੀ ਇਸ ਖਤਰਨਾਕ ਮਹਾਮਾਰੀ ਨੂੰ ਫੈਲਣ ਤੋਂ ਰੋਕਣ ਲਈ ਕੋਈ ਵੀ ਨਾਗਰਿਕ ਮਾਸਕ ਪਾਏ ਬਗੈਰ ਨਾ ਆਉਣ ਅਤੇ ਜ਼ਰੂਰੀ ਕੰਮ ਵੇਲੇ ਹੀ ਘਰ ਤੋਂ ਬਾਹਰ ਆਇਆ ਜਾਵੇ।ਇਸ ਮੌਕੇ ਬਰਾਂਚ ਮੈਨੇਜਰ ਸੁਸ਼ੀਲ ਸਿੰਗਲਾ, ਸ੍ਰੀ ਸੰਜੇ ਭਾਟੀਆ, ਹਰਮੰਦਰ ਢਾਕਾ ਅਤੇ ਡੀ.ਆਈ.ਓ ਸ੍ਰੀ ਅਨਿਲ ਕਟਿਆਰ ਵੀ ਹਾਜਰ ਸਨ ।

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਫਰੀਦਕੋਟ ਦੇ 6 ਹੋਰ ਲੋਕਾਂ ਨੂੰ ਕਰੋਨਾ ਰਿਪੋਰਟਾਂ ਨੈਗਟਿਵ ਆਉਣ ਮਗਰੋਂ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਤੇ ਹਸਪਤਾਲ ਤੋਂ ਦਿੱਤੀ ਗਈ ਛੁੱਟੀ

ਹੁਣ ਜਿਲ੍ਹੇ ਵਿੱਚ ਐਕਟਿਵ ਮਰੀਜ਼ਾਂ ਦੀ ਗਿਣਤੀ 10 ਹੋਈ

ਘਰ ਜਾ ਰਹੇ ਲੋਕਾਂ ਵੱਲੋਂ ਚੰਗੇ ਪ੍ਰਬੰਧਾਂ ਲਈ ਪੰਜਾਬ ਸਰਕਾਰ ਅਤੇ ਜਿਲ੍ਹਾ ਪ੍ਰਸ਼ਾਸਨ ਦਾ ਧੰਨਵਾਦ

ਫ਼ਰੀਦਕੋਟ ,23 ਮਈ ( )-ਇੱਥੋਂ ਦੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਦੀ ਆਈਸੋਲੇਸ਼ਨ ਵਾਰਡ ਵਿੱਚ ਭਰਤੀ 16 ਕਰੋਨਾ ਮਰੀਜ਼ਾਂ ਵਿੱਚੋਂ 6 ਮਰੀਜ਼ਾਂ ਨੂੰ ਸਿਹਤਮੰਦ ਹੋਣ ਮਗਰੋਂ ਛੁੱਟੀ ਦਿੱਤੀ ਗਈ ।ਇਹ ਲੋਕ ਹਜ਼ੂਰ ਸਾਹਿਬ ਨੰਦੇੜ ਤੋਂ ਪਰਤੇ ਸ਼ਰਧਾਲੂ ਅਤੇ ਰਾਜਸਥਾਨ ਤੋਂ ਪਰਤੀ ਲੇਬਰ ਨਾਲ ਸਬੰਧਤ ਹਨ ,ਜਿਨ੍ਹਾਂ ਦੀ ਕਰੋਨਾ ਰਿਪੋਰਟ ਪਾਜ਼ਟਿਵ ਆਉਣ ਮਗਰੋਂ ਉਨ੍ਹਾਂ ਨੂੰ ਇੱਥੋਂ ਦੀ ਆਈਸੋਲੇਸ਼ਨ ਵਾਰਡ ਵਿੱਚ ਭਰਤੀ ਕੀਤਾ ਗਿਆ ਸੀ । ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ 45 ਲੋਕਾਂ ਨੂੰ ਇਥੋਂ ਪਹਿਲਾਂ ਹੀ ਠੀਕ ਹੋਣ ਉਪਰੰਤ ਘਰ ਭੇਜਿਆ ਜਾ ਚੁੱਕਾ ਹੈ।

ਅੱਜ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਦੀ ਆਈਸੋਲੇਸ਼ਨ ਵਾਰਡ ਵਿੱਚੋਂ ਇਨ੍ਹਾਂ ਲੋਕਾਂ ਨੂੰ ਘਰ ਭੇਜਣ ਸਮੇਂ ਡਾ. ਕਿਰਨ ਨੋਡਲ ਅਫਸਰ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ, ਡਾ. ਅਨੀਤਾ ਮੈਡੀਸਨ , ਡਾ. ਅਨੀਤਾ ਵਿਸਲ ਹਸਪਤਾਲ ਫਰੀਦਕੋਟ ਹਾਜ਼ਰ ਸਨ । ਉਨ੍ਹਾਂ ਇਨ੍ਹਾਂ ਨੂੰ ਘਰ ਜਾਣ ਸਮੇਂ ਸ੍ਰੀ ਗੁਟਕਾ ਸਾਹਿਬ ਭੇਟ ਕੀਤੇ ਅਤੇ ਇਨ੍ਹਾਂ ਲੋਕਾਂ ਦੀ ਸਿਹਤਯਾਬੀ ਲਈ ਸ਼ੁੱਭ ਇਛਾਵਾਂ ਦਿੱਤੀਆਂ ਤੇ ਇਨ੍ਹਾਂ ਨੂੰ ਸਿਹਤ ਵਿਭਾਗ ਦੀਆਂ ਵਿਸੇਸ਼ ਬੱਸਾਂ ਰਾਹੀਂ ਉਨ੍ਹਾਂ ਦੇ ਘਰ ਤੱਕ ਭੇਜਿਆ ਗਿਆ ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾ. ਅਨੀਤਾ ਨੋਡਲ ਅਫਸਰ ਕਰੋਨਾ 19 ਨੇ ਦੱਸਿਆ ਕਿ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਦੇ ਆਈਸੋਲੇਸ਼ਨ ਵਾਰਡ ਵਿੱਚ ਜ਼ਿਲ੍ਹੇ ਨਾਲ ਸਬੰਧਤ ਕੁੱਲ 16 ਕਰੋਨਾ ਪਾਜਟਿਵ ਮਰੀਜ਼ ਸਨ ,ਜਿਨ੍ਹਾਂ ਵਿੱਚੋਂ ਅੱਜ 6 ਮਰੀਜ਼ਾਂ ਨੂੰ ਸਿਹਤਯਾਬ ਹੋਣ ਅਤੇ ਇਨ੍ਹਾਂ ਦੀ ਕਰੋਨਾ ਰਿਪੋਰਟ ਨੈਗਟਿਵ ਆਉਣ ਮਗਰੋਂ ਛੁੱਟੀ ਦਿੱਤੀ ਗਈ ਹੈ ਅਤੇ ਹੁਣ 10 ਐਕਟਿਵ ਮਰੀਜ ਜੋ ਹੁਣ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਦੇ ਆਈਸੋਲੇਸ਼ਨ ਵਾਰਡ ਵਿਚ ਰਹਿ ਗਏ ਹਨ।

ਇਕ ਮੌਕੇ ਗੁਰੂ ਗੋਬਿੰਦ ਸਿਘ ਮੈਡੀਕਲ ਕਾਲਜ ਮੈਡੀਕਲ ਸੁਪਰਡੈਂਟ ਡਾ ਰਜੀਵ ਜੋਸ਼ੀ ਨੇ ਦੱਸਿਆ ਕਿ ਹਸਪਤਾਲ ਤੋਂ ਘਰ ਭੇਜੇ ਗਏ ਵਿਅਕਤੀ ਦੇ ਮੋਬਾਈਲ ਵਿੱਚ ਕੋਵਾ ਐਪ ਵੀ ਡਾਊਨਲੋਡ ਕਰਵਾਈ ਗਈ ਹੈ ਜਿਸ ਅਨੁਸਾਰ ਇੱਕ ਤਾਂ ਇਸ ਐਪ ਵਿੱਚ ਜੀ ਪੀ ਐੱਸ ਟਰੈਕਰ ਰਾਹੀਂ ਇਨ੍ਹਾਂ ਵਿਅਕਤੀਆਂ ਨੂੰ ਟਰੈਕ ਕੀਤਾ ਜਾਵੇਗਾ ਕਿ ਇਨ੍ਹਾਂ ਵਿੱਚੋਂ ਕੋਈ ਵੀ ਸਰਕਾਰ ਦੇ ਨਿਯਮਾਂ ਦੀ ਉਲੰਘਣਾ ਤਾਂ ਨਹੀਂ ਕਰਦਾ ਅਤੇ ਦੂਜਾ ਰੋਜ਼ਾਨਾ ਇਸ ਐਪ ਵਿੱਚ ਇਨ੍ਹਾਂ ਵਿਅਕਤੀਆਂ ਵੱਲੋਂ ਆਪਣੀ ਹੈਲਥ ਸਬੰਧੀ ਅੱਪਡੇਟ ਵੀ ਕੀਤਾ ਜਾਵੇਗਾ ।

ਇਸ ਮੌਕੇ ਘਰ ਜਾਣ ਵਾਲੇ ਲੋਕਾਂ ਨੇ ਉਨ੍ਹਾਂ ਦੀ ਚੰਗੀ ਦੇਖਭਾਲ ,ਵਧੀਆ ਖਾਣੇ ਅਤੇ ਸਮੇਂ ਸਿਰ ਦਵਾਈ ਅਤੇ ਹੋਰ ਲੋੜੀਂਦੀਆਂ ਵਸਤਾਂ ਮੁਹੱਈਆ ਕਰਵਾਉਣ ਲਈ ਪੰਜਾਬ ਸਰਕਾਰ ਮੈਡੀਕਲ ਕਾਲਜ ਦੇ ਸਟਾਫ਼,ਜ਼ਿਲ੍ਹਾ ਪ੍ਰਸ਼ਾਸਨ ਅਤੇ ਸਿਹਤ ਵਿਭਾਗ ਦਾ ਧੰਨਵਾਦ ਕੀਤਾ।

ਇਸ ਮੌਕੇ ਸ੍ਰੀਮਤੀ ਮਤਤਨਜੀਤ ਕੌਰ, ਸ੍ਰੀ ਕੁਲਬੀਰ, ਸ੍ਰੀਮਤੀ ਸੁਰਜੀਤ ਕੌਰ ਤੋਂ ਇਲਾਵਾ ਪੈਰਾਮੈਡੀਕਲ ਸਟਾਫ ਵੀ ਹਾਜ਼ਰ ਸੀ।